ਸੋਧਿਆ ਹੋਇਆ

**16ਵੀਂ ਵਿਧਾਨ ਸਭਾ**

ਚੌਥਾ ਸਮਾਗਮ, 2023

**ਪੰਜਾਬ ਵਿਧਾਨ ਸਭਾ**

**ਬੁਲੇਟਿਨ ਨੰ: 9**

**ਮੰਗਲਵਾਰ, 20 ਜੂਨ 2023**

(11.00 ਵਜੇ ਪੂਰਵ ਦੁਪਹਿਰ ਤੋਂ 02.17 ਵਜੇ ਬਾਅਦ ਦੁਪਹਿਰ ਤੱਕ)

1. **ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਕੁੱਝ ਨਿਯਮਾਂ ਨੂੰ ਮੁਅੱਤਲ ਕਰਨ ਸਬੰਧੀ ਪ੍ਰਸਤਾਵ**

ਸਰਦਾਰ ਬਲਕਾਰ ਸਿੰਘ, ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ-

"ਇਹ ਸਦਨ ਸੰਕਲਪ ਕਰਦਾ ਹੈ ਕਿ 16ਵੀਂ ਪੰਜਾਬ ਵਿਧਾਨ ਸਭਾ ਦੇ ਚੌਥੇ ਸਮਾਗਮ ਦੀ ਵਿਸ਼ੇਸ਼ ਬੈਠਕ ਦੌਰਾਨ ਕੇਵਲ ਉਹੀ ਕੰਮ-ਕਾਰ ਕੀਤਾ ਜਾਵੇ ਜਿਸ ਮੰਤਵ ਲਈ ਇਹ ਸਮਾਗਮ ਬੁਲਾਇਆ ਗਿਆ ਹੈ ਅਤੇ ਹੋਰ ਕੋਈ ਵੀ ਕੰਮ-ਕਾਰ ਜਿਸ ਵਿਚ ਪ੍ਰਸ਼ਨ, ਧਿਆਨ ਦਿਵਾਊ ਨੋਟਿਸ ਅਤੇ ਕਿਸੇ ਪ੍ਰਾਈਵੇਟ ਮੈਂਬਰ ਦੁਆਰਾ ਪੇਸ਼ ਕੀਤੇ ਜਾਣ ਵਾਲਾ ਕੋਈ ਹੋਰ ਕੰਮ-ਕਾਰ ਵੀ ਸ਼ਾਮਲ ਹੈ, ਇਸ ਸਮਾਗਮ ਦੇ ਦੌਰਾਨ ਸਦਨ ਦੇ ਸਾਹਮਣੇ ਨਾ ਲਿਆਂਦਾ ਜਾਵੇ ਜਾਂ ਸਦਨ ਵਿਚ ਨਾ ਕੀਤਾ ਜਾਵੇ ਅਤੇ ਪੰਜਾਬ ਵਿਧਾਨ ਸਭਾ ਦੀ ਕਾਰਜ ਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਵਿਚ ਇਸ ਵਿਸ਼ੇ ਨਾਲ ਸਬੰਧਤ ਨਿਯਮ ਉਸ ਹੱਦ ਤੱਕ ਮੁਅਤਲ ਕੀਤੇ ਗਏ ਸਮਝੇ ਜਾਣ।"

ਪ੍ਰਸਤਾਵ ਤੇ ਬਹਿਸ ਵਿਚ ਹਿੱਸਾ ਲੈਂਦੇ ਸਮੇਂ ਸ.ਪ੍ਰਤਾਪ ਸਿੰਘ ਬਾਜਵਾ, ਵਿਰੋਧੀ ਧਿਰ ਦੇ ਨੇਤਾ 01 ਮਿੰਟ ਲਈ ਬੋਲੇ।

2. **ਨਿਯਮ 16 ਅਧੀਨ ਪ੍ਰਸਤਾਵ**

ਸਰਦਾਰ ਬਲਕਾਰ ਸਿੰਘ, ਸੰਸਦੀ ਮਾਮਲੇ ਮੰਤਰੀ ਦੁਆਰਾ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ :

"ਕਿ ਵਿਧਾਨ ਸਭਾਂ (ਅਸੈਂਬਲੀ) ਅੱਜ ਇਸ ਦੇ ਉੱਠ ਜਾਣ ਤੇ ਅਣਮਿੱਥੇ ਸਮੇਂ ਲਈ ਸਥੱਗਿਤ ਹੋ ਜਾਵੇਗੀ"।

3. **ਵਾਕ ਆਊਟ**

ਇੰਡੀਅਨ ਨੈਸ਼ਨਲ ਕਾਂਗਰਸ ਦੇ ਸਦਨ ਵਿੱਚ ਹਾਜ਼ਰ ਮੈਂਬਰ ਉਨ੍ਹਾਂ ਨੂੰ ਬੋਲਣ ਲਈ ਸਮਾਂ ਨਾ ਦਿੱਤੇ ਜਾਣ ਤੇ ਰੋਸ ਵਜੋਂ ਸਰਕਾਰ ਵਿਰੋਧੀ ਨਾਅਰੇ ਲਗਾਉਂਦੇ ਹੋਏ ਸਦਨ ਵਿੱਚੋਂ ਵਾਕ-ਆਊਟ ਕਰ ਗਏ।

4. **ਮੇਜ਼ ਤੇ ਰੱਖੇ ਜਾਣ ਵਾਲੇ ਕਾਂਗਜ਼ ਪੱਤਰ**

ਸੰਸਦੀ ਮਾਮਲੇ ਮੰਤਰੀ ਨੇ ਅੱਜ ਦੀ ਕਾਰਜ-ਸੂਚੀ ਦੇ ਲੜੀ ਨੰ: III ਦੇ ਅਧੀਨ ਦਰਸਾਏ ਗਏ ਲੜੀ ਨੰ: 1 ਤੋਂ 9 ਤੱਕ ਵਰਣਿਤ ਕਾਗਜ਼-ਪੱਤਰ ਸਦਨ ਦੀ ਮੇਜ਼ ਤੇ ਰੱਖੇ।

5. **ਸਰਕਾਰੀ ਮਤਾ**

ਸਰਦਾਰ ਗੁਰਮੀਤ ਸਿੰਘ ਖੁੱਡੀਆਂ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਵਲੋਂ ਹੇਠ ਲਿਖਿਆ ਮਤਾ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ:-

"ਭਾਰਤ ਸਰਕਾਰ ਵੱਲੋਂ ਪਿਛਲੇ ਚਾਰ ਸੀਜ਼ਨਾਂ (KMS 2021-22, RMS 2022-23, KMS 2022-23 ਅਤੇ R.M.S 2023-24) ਦੀ ਦਿਹਾੜੀ ਵਿਕਾਸ ਫੀਸ (R.D.F.) ਜਾਰੀ ਨਾ ਕੀਤੇ ਜਾਣ ਕਾਰਨ ਪੰਜਾਬ ਰਾਜ ਦੇ ਦਿਹਾਤੀ ਵਿਕਾਸ ਕਾਰਜਾਂ ਤੇ ਮਾੜਾ ਅਸਰ ਪੈ ਰਿਹਾ ਹੈ।

ਪੰਜਾਬ ਵਿਧਾਨ ਸਭਾ ਇਸ ਗੱਲ ਦੀ ਸਖਤ ਨਿਖੇਧੀ ਕਰਦੀ ਹੈ ਕਿ ਪੰਜਾਬ ਦਿਹਾਤੀ ਵਿਕਾਸ ਐਕਟ, 1987 ਵਿੱਚ ਭਾਰਤ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਲੋੜੀਂਦੀਆਂ ਸੋਧਾਂ ਨੂੰ ਮੌਜੂਦਾ ਰਾਜ ਸਰਕਾਰ ਵੱਲੋਂ ਇਸ ਪਵਿੱਤਰ ਸਦਨ ਤੋਂ ਪਾਸ ਕਰਵਾਉਣ ਅਤੇ ਇਸ ਉਪਰੰਤ ਨੋਟੀਫਿਕੇਸ਼ਨ ਨੂੰ ਮਿਤੀ 18.07.2022 ਨੂੰ ਸਰਕਾਰੀ ਗਜ਼ਟ ਵਿੱਚ ਪ੍ਰਕਾਸ਼ਿਤ ਕਰਨ ਦੇ ਬਾਵਜੂਦ ਵੀ ਭਾਰਤ ਸਰਕਾਰ ਨੇ ਪੰਜਾਬ ਵਿੱਚੋਂ ਪਿਛਲੇ ਚਾਰ ਸੀਜ਼ਨਾਂ ਦੌਰਾਨ ਖਰੀਦੀਆਂ ਗਈਆਂ ਖੇਤੀ ਉਪਜਾਂ ਤੇ 3% ਦੀ ਦਰ ਨਾਲ ਬਣਦੀ 3622.40 ਕਰੋੜ ਰੁਪਏ ਦੀ ਅਜੇ ਤੱਕ ਰੋਕੀ ਗਈ ਦਿਹਾਤੀ ਵਿਕਾਸ ਫੀਸ ਦੀ ਰਕਮ ਜਾਰੀ ਨਹੀਂ ਕੀਤੀ ਹੈ।

ਪੰਜਾਬ ਰਾਜ ਨੇ ਭਾਰਤ ਦੇ ਕਿਸੇ ਵੀ ਹੋਰ ਰਾਜ ਦੇ ਮੁਕਾਬਲੇ ਬਹੁਤ ਵੱਡਾ ਮਾਰਕੀਟ ਬੁਨਿਆਦੀ ਢਾਂਚਾ ਤਿਆਰ ਕੀਤਾ ਹੋਇਆ ਹੈ। ਇਸ ਤਰ੍ਹਾਂ ਇਕੱਤਰ ਕੀਤੀ ਗਈ ਦਿਹਾਤੀ ਵਿਕਾਸ ਫੀਸ ਦੀ ਵਰਤੋਂ ਸਿਰਫ਼ ਰਾਜ ਦੇ ਕਿਸਾਨਾਂ ਦੀ ਭਲਾਈ, ਪੇਂਡੂ ਮੰਡੀਆਂ ਅਤੇ ਪੇਂਡੂ ਲਿੰਕ ਸੜਕਾਂ ਦੇ ਰੱਖ-ਰੱਖਾਅ ਅਤੇ ਨਿਰਮਾਣ ਸਮੇਤ ਪੇਂਡੂ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਕੀਤੀ ਜਾਂਦੀ ਹੈ ਤਾਂ ਜੋ ਖੇਤੀ ਉਪਜਾਂ ਨਜ਼ਦੀਕੀ ਮੰਡੀਆਂ ਤੱਕ ਆਸਾਨੀ ਨਾਲ ਪਹੁੰਚਾਈਆਂ ਜਾ ਸਕਣ। ਇਸ ਤਰ੍ਹਾਂ ਭਾਰਤ ਸਰਕਾਰ ਵੱਲੋਂ ਪੇਂਡੂ ਵਿਕਾਸ ਫੀਸ ਜਾਰੀ ਨਾ ਕੀਤੇ ਜਾਣ ਕਾਰਨ ਪੰਜਾਬ ਰਾਜ ਦੇ ਸਮੁੱਚੇ ਦਿਹਾਤੀ ਵਿਕਾਸ ਕਾਰਜ ਠੱਪ ਹੋ ਰਹੇ ਹਨ।

ਇਹ ਸਦਨ ਰਾਜ ਸਰਕਾਰ ਨੂੰ ਸਿਫਾਰਸ਼ ਕਰਦਾ ਹੈ ਕਿ ਉਹ ਕੇਂਦਰ ਸਰਕਾਰ ਵੱਲੋਂ ਰੋਕੀ ਗਈ 3622.40 ਕਰੋੜ ਦੀ ਦਿਹਾਤੀ ਵਿਕਾਸ ਫੀਸ ਨੂੰ ਤੁਰੰਤ ਜਾਰੀ ਕਰਵਾਉਣ ਲਈ ਕੇਂਦਰ ਸਰਕਾਰ ਕੋਲ ਪਹੁੰਚ ਕਰੇ ਤਾਂ ਜੋ ਪੰਜਾਬ ਰਾਜ ਦੇ ਕਿਸਾਨਾਂ ਅਤੇ ਪੇਂਡੂ ਆਬਾਦੀ ਦੀ ਭਲਾਈ ਲਈ ਨਿਰਵਿਘਨ ਵਿਕਾਸ ਕਾਰਜਾਂ ਨੂੰ ਜਾਰੀ ਰੱਖਿਆ ਜਾ ਸਕੇ।"

ਮਤਾ ਪੇਸ਼ ਕਰਦੇ ਹੋਏ ਸਰਦਾਰ ਗੁਰਮੀਤ ਸਿੰਘ ਖੁੱਡੀਆਂ, ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਦੋ ਮਿੰਟ ਲਈ ਬੋਲੇ।

ਨਿਮਨਲਿਖਤ ਮੈਂਬਰਾਂ ਨੇ ਮਤੇ ਤੇ ਹੋਈ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

| | | |
|---|---|---|
| 1. | ਸ਼੍ਰੀ ਗੁਰਮੀਤ ਸਿੰਘ ਮੀਤ ਹੇਅਰ, ਜਲ ਸਰੋਤ ਮੰਤਰੀ | 10 ਮਿੰਟ |
| 2. | ਡਾ. ਸੁਖਵਿੰਦਰ ਕੁਮਾਰ ਸੁੱਖੀ, ਸ਼੍ਰੋਮਣੀ ਅਕਾਲੀ ਦਲ | 06 ਮਿੰਟ |
| 3. | ਸ. ਜਗਰੂਪ ਸਿੰਘ ਗਿੱਲ, ਆਮ ਆਦਮੀ ਪਾਰਟੀ | 09 ਮਿੰਟ |
| 4. | ਸ਼੍ਰੀ ਬਰਿੰਦਰ ਕੁਮਾਰ ਗੋਇਲ, ਆਮ ਆਦਮੀ ਪਾਰਟੀ | 10 ਮਿੰਟ |
| 5. | ਸ. ਗੁਰਪ੍ਰੀਤ ਸਿੰਘ ਬਨਾਂਵਾਲੀ, ਆਮ ਆਦਮੀ ਪਾਰਟੀ | 07 ਮਿੰਟ |

6. ਡਾ. ਨਛੱਤਰ ਪਾਲ, ਬਹੁਜਨ ਸਮਾਜ ਪਾਰਟੀ — 02 ਮਿੰਟ
7. ਸ੍ਰੀ ਜਗਦੀਪ ਕੰਬੋਜ ਗੋਲਡੀ, ਆਮ ਆਦਮੀ ਪਾਰਟੀ — 04 ਮਿੰਟ
8. ਰਾਣਾ ਇੰਦਰ ਪ੍ਰਤਾਪ ਸਿੰਘ, ਆਜ਼ਾਦ ਮੈਂਬਰ — 08 ਮਿੰਟ

ਮਤੇ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ ਮੁੱਖ ਮੰਤਰੀ 17 ਮਿੰਟ ਲਈ ਬੋਲੇ।

6. <u>ਵਿਧਾਨਕ ਕੰਮ-ਕਾਰ</u>

I. <u>ਪੰਜਾਬ ਐਫੀਲੀਏਟਿਡ ਕਾਲਜ਼ਜ਼ (ਸਕਿਉਰਿਟੀ ਆਫ ਸਰਵਿਸ) ਸੋਧਨਾ ਬਿਲ, 2023</u>

ਉਚੇਰੀ ਸਿੱਖਿਆ ਮੰਤਰੀ ਨੇ ਐਫੀਲੀਏਟਿਡ ਕਾਲਜ਼ਜ਼ (ਸਕਿਉਰਿਟੀ ਆਫ ਸਰਵਿਸ) ਸੋਧਨਾ ਬਿਲ, 2023 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2 ਅਤੇ 3 ਇਕੱਠੀਆਂ , ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਐਫੀਲੀਏਟਿਡ ਕਾਲਜ਼ਜ਼ (ਸਕਿਉਰਿਟੀ ਆਫ ਸਰਵਿਸ) ਸੋਧਨਾ ਬਿਲ, 2023 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

II. <u>ਪੰਜਾਬ ਪੁਲਿਸ (ਸੋਧਨਾ) ਬਿਲ, 2023</u>

ਮੁੱਖ ਮੰਤਰੀ ਨੇ ਪੰਜਾਬ ਪੁਲਿਸ (ਸੋਧਨਾ) ਬਿਲ, 2023 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਪੁਲਿਸ (ਸੋਧਨਾ) ਬਿਲ, 2023 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

III. <u>ਸਿੱਖ ਗੁਰਦੁਆਰਾਜ਼ (ਸੋਧਨਾ) ਬਿਲ, 2023</u>

ਮੁੱਖ ਮੰਤਰੀ ਨੇ ਸਿੱਖ ਗੁਰਦੁਆਰਾਜ਼ (ਸੋਧਨਾ) ਬਿਲ, 2023 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

ਨਿਮਨਲਿਖਤ ਮੈਂਬਰਾਂ ਨੇ ਬਿਲ ਤੇ ਹੋਈ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:

I. ਸ੍ਰੀ ਬੁੱਧ ਰਾਮ, ਆਮ ਆਦਮੀ ਪਾਰਟੀ — 11 ਮਿੰਟ
II. ਸ. ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ — 07 ਮਿੰਟ
III. ਡਾ. ਨਛੱਤਰ ਪਾਲ, ਬਹੁਜਨ ਸਮਾਜ ਪਾਰਟੀ — 05 ਮਿੰਟ

IV. ਡਾ. ਸੁਖਵਿੰਦਰ ਕੁਮਾਰ ਸੁੱਖੀ, ਸ਼੍ਰੋਮਣੀ ਅਕਾਲੀ ਦਲ 01 ਮਿੰਟ

V. ਸ. ਅਜੀਤਪਾਲ ਸਿੰਘ ਕੋਹਲੀ, ਆਮ ਆਦਮੀ ਪਾਰਟੀ 04 ਮਿੰਟ

VI. ਸ. ਕੁਲਦੀਪ ਸਿੰਘ ਧਾਲੀਵਾਲ, ਪਰਵਾਸੀ ਭਾਰਤੀ ਮਾਮਲੇ ਮੰਤਰੀ 05 ਮਿੰਟ

ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ ਮੁੱਖ ਮੰਤਰੀ 28 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ 2, ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਪ੍ਰਵਾਨ ਹੋਏ।

ਮੁੱਖ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਸਿੱਖ ਗੁਰਦੁਆਰਾਜ਼ (ਸੋਧਨਾ) ਬਿਲ, 2023 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ।

**IV. <u>ਪੰਜਾਬ ਯੂਨੀਵਰਸਿਟੀਜ਼ ਲਾਅਜ਼ (ਸੋਧਨਾ) ਬਿਲ, 2023</u>**

ਉਚੇਰੀ ਸਿੱਖਿਆ ਮੰਤਰੀ ਨੇ ਪੰਜਾਬ ਯੂਨੀਵਰਸਿਟੀਜ਼ ਲਾਅਜ਼ (ਸੋਧਨਾ) ਬਿਲ, 2023 ਪੇਸ਼ ਕੀਤਾ ਅਤੇ ਇਹ ਪ੍ਰਸਤਾਵ ਵੀ ਕੀਤਾ ਕਿ ਬਿਲ ਤੇ ਤੁਰੰਤ ਵਿਚਾਰ ਕੀਤਾ ਜਾਵੇ।

ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸੰਮਤੀ ਨਾਲ ਪ੍ਰਵਾਨ ਹੋਇਆ।

ਮੁੱਖ ਮੰਤਰੀ ਬਿਲ ਤੇ ਹੋਈ ਬਹਿਸ ਵਿੱਚ ਹਿੱਸਾ ਲੈਂਦੇ ਹੋਏ 17 ਮਿੰਟ ਲਈ ਬੋਲੇ।

ਡਾ. ਸੁਖਵਿੰਦਰ ਕੁਮਾਰ ਸੁੱਖੀ, ਸ਼੍ਰੋਮਣੀ ਅਕਾਲੀ ਦਲ ਬਹਿਸ ਵਿੱਚ ਹਿੱਸਾ ਲੈਂਦੇ ਹੋਏ 02 ਮਿੰਟ ਲਈ ਬੋਲੇ।

ਉਚੇਰੀ ਸਿੱਖਿਆਂ ਮੰਤਰੀ ਬਿਲ ਤੇ ਹੋਈ ਬਹਿਸ ਦਾ ਜਵਾਬ ਦਿੰਦੇ ਹੋਏ 06 ਮਿੰਟ ਲਈ ਬੋਲੇ।

ਬਿਲ ਤੇ ਕਲਾਜ਼-ਵਾਰ ਵਿਚਾਰ ਦੌਰਾਨ, ਕਲਾਜ਼ 1 ਦੀ ਸਬ-ਕਲਾਜ਼ (2), ਕਲਾਜ਼ਾਂ 2 ਤੋਂ 13 ਇਕੱਠੀਆਂ , ਕਲਾਜ਼ 1 ਦੀ ਸਬ-ਕਲਾਜ਼ (1) ਅਤੇ ਸਿਰਲੇਖ ਸਦਨ ਦੀ ਵੋਟ ਲਈ ਰੱਖੇ ਗਏ ਅਤੇ ਸਰਬਸਮੰਤੀ ਨਾਲ ਪ੍ਰਵਾਨ ਹੋਏ।

ਉਚੇਰੀ ਸਿੱਖਿਆ ਮੰਤਰੀ ਦੁਆਰਾ ਕੀਤਾ ਗਿਆ ਪ੍ਰਸਤਾਵ "ਪੰਜਾਬ ਯੂਨੀਵਰਸਿਟੀਜ਼ ਲਾਅਜ਼ (ਸੋਧਨਾ) ਬਿਲ, 2023 ਪਾਸ ਕੀਤਾ ਜਾਵੇ", ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਸਰਬਸਮੰਤੀ ਨਾਲ ਪ੍ਰਵਾਨ ਹੋਇਆ।

**7. <u>ਮਾਣਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ</u>**

ਮਾਣਯੋਗ ਸਪੀਕਰ ਵੱਲੋਂ ਮੈਰੀਟੋਰੀਅਸ ਬੱਚੇ, ਜਿਹੜੇ ਕਿ ਮੈਰਿਟ ਵਿੱਚ ਆਏ ਹਨ, ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

8. **ਮਾਣਯੋਗ ਸਪੀਕਰ ਵੱਲੋਂ ਨੈਸ਼ਨਲ ਈ-ਵਿਧਾਨ ਐਪਲੀਕੇਸ਼ਨ ਸਬੰਧੀ ਐਲਾਨ**

ਮਾਣਯੋਗ ਸਪੀਕਰ ਵੱਲੋਂ ਹੇਠ ਲਿਖਿਆ ਐਲਾਨ ਕੀਤਾ ਗਿਆ:-

ਮੈਂ ਸਦਨ ਦੀ ਜਾਣਕਾਰੀ ਲਈ ਦੱਸਣਾ ਚਾਹੁੰਦਾ ਹਾਂ ਕਿ ਮਾਣਯੋਗ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਜੀ ਹੋਰਾਂ ਵੱਲੋਂ ਵਿਧਾਨ ਸਭਾ ਦੇ ਕੰਮ ਕਾਰ ਨੂੰ ਪੇਪਰਲੈੱਸ ਕਰਨ ਸਬੰਧੀ ਕੀਤੇ ਗਏ ਐਲਾਨ ਅਨੁਸਾਰ ਪ੍ਰਸ਼ਾਸਕੀ ਸੁਧਾਰ ਵਿਭਾਗ ਵੱਲੋਂ ਮਾਨਯੋਗ ਮੈਂਬਰਾਂ ਨੂੰ ਦਿੱਤੇ ਜਾਣ ਵਾਲੇ ਅਤੇ ਸਦਨ ਵਿੱਚ ਹਰ ਮੈਂਬਰ ਦੇ ਟੇਬਲ ਤੇ ਲੱਗਣ ਵਾਲੇ Apple Ipad Pro 12.9 inch ਜਾਰੀ ਕਰਨ ਦਾ ਵਰਕ ਆਰਡਰ ਜਾਰੀ ਕਰ ਦਿੱਤਾ ਗਿਆ ਹੈ। ਮੈਨੂੰ ਵਿਸ਼ਵਾਸ ਹੈ ਕਿ ਅਗਲੇ ਸੈਸ਼ਨ ਤੋਂ ਪਹਿਲਾਂ ਇਹ ਆਈ ਪੈਡ ਮਾਣਯੋਗ ਮੈਂਬਰਾਂ ਨੂੰ ਵੀ ਦੇ ਦਿੱਤੇ ਜਾਣਗੇ ਅਤੇ ਸਦਨ ਵਿੱਚ ਵੀ ਲਗਾ ਦਿੱਤੇ ਜਾਣਗੇ, ਜਿਸ ਉਪਰੰਤ ਸਦਨ ਸਬੰਧੀ ਸਾਰੀ ਜਾਣਕਾਰੀ ਦਾ ਆਦਾਨ-ਪ੍ਰਦਾਨ ਨੈਸ਼ਨਲ ਈ-ਵਿਧਾਨ ਐਪਲੀਕੇਸ਼ਨ ਰਾਹੀਂ ਇਲੈਕਟ੍ਰਾਨੀਕਲੀ ਸ਼ੁਰੂ ਹੋ ਜਾਵੇਗਾ ਅਤੇ ਸਦਨ ਦੇ ਟੇਬਲ ਤੇ ਰੱਖੇ ਜਾਣ ਵਾਲੇ ਕਾਗਜ਼ ਪੱਤਰ ਵੀ ਇਲੈਕਟ੍ਰਾਨੀਕ ਵਿਧੀ ਰਾਹੀਂ ਹੀ ਰੱਖੇ ਜਾਣਗੇ। ਇਹ ਪ੍ਰਣਾਲੀ ਲਾਗੂ ਹੋਣ ਨਾਲ ਕਾਗਜ਼ ਤੇ ਅਤੇ ਇਸ ਦੀ ਢੋਆ ਢੁਆਈ ਤੇ ਹੋਣ ਵਾਲੇ ਖਰਚੇ ਦੀ ਬੱਚਤ ਤਾਂ ਹੋਵੇਗੀ ਹੀ ਇਸ ਦੇ ਨਾਲ-ਨਾਲ ਵਾਤਾਵਰਨ ਸੰਭਾਲ ਦੇ ਖੇਤਰ ਵਿੱਚ ਵੀ ਵੱਡੀ ਉਪਲਬਧੀ ਹੋਵੇਗੀ ਅਤੇ ਸਦਨ ਦੇ ਕੰਮ ਕਾਰ ਵਿੱਚ ਵੀ ਪਾਰਦਰਸ਼ਤਾ ਆਵੇਗੀ।

ਮੈਂ ਇਹ ਵੀ ਦੱਸਣਾ ਚਾਹੁੰਦਾ ਹਾਂ ਕਿ ਪੰਜਾਬ ਵਿਧਾਨ ਸਭਾ ਸਕੱਤਰੇਤ ਵੱਲੋਂ ਐਨ.ਆਈ.ਸੀ., ਪੰਜਾਬ ਤੇ ਪ੍ਰਸ਼ਾਸਕੀ ਸੁਧਾਰ ਵਿਭਾਗ, ਪੰਜਾਬ ਦੇ ਸਹਿਯੋਗ ਨਾਲ ਮਿਤੀ 26 ਜੂਨ, 2023 ਨੂੰ ਰਾਜ ਦੇ ਸਾਰੇ ਵਿਭਾਗਾਂ ਦੇ ਨੋਡਲ ਅਧਿਕਾਰੀਆਂ ਨੂੰ ਨੇਵਾ ਸਬੰਧੀ ਜਾਣਕਾਰੀ ਦੇਣ ਲਈ ਇੱਕ ਟਰੇਨਿੰਗ ਰੱਖੀ ਗਈ ਹੈ। ਇਸ ਵਿੱਚ ਉਨ੍ਹਾਂ ਨੂੰ ਦੱਸਿਆ ਜਾਵੇਗਾ ਕਿ ਸਭਾ ਸਕੱਤਰੇਤ ਵੱਲੋਂ ਭੇਜੇ ਗਏ ਨੋਟਿਸਾਂ ਦੇ ਜਵਾਬ ਕਿਸ ਤਰ੍ਹਾਂ ਭੇਜੇ ਜਾਣੇ ਹਨ।

ਇਸ ਤੋਂ ਇਲਾਵਾ ਇਹ ਮਾਣਯੋਗ ਮੁੱਖ ਮੰਤਰੀ ਸਾਹਿਬ ਦੀ ਪਹਿਲ ਹੈ ਕਿ ਜੁਲਾਈ ਮਹੀਨੇ ਵਿੱਚ ਸਾਰੇ ਮਾਣਯੋਗ ਵਿਧਾਇਕਾਂ ਲਈ ਦੋ ਦਿਨ ਦੀ ਵਰਕਸ਼ਾਪ ਆਯੋਜਿਤ ਕਰਨ ਦੀ ਯੋਜਨਾ ਵੀ ਬਣਾਈ ਗਈ ਹੈ, ਜਿਸ ਵਿੱਚ ਮਾਣਯੋਗ ਵਿਧਾਇਕਾਂ ਨੂੰ ਨੇਵਾ ਪ੍ਰੋਜੈਕਟ ਸਬੰਧੀ ਪੂਰੀ ਜਾਣਕਾਰੀ ਦਿੱਤੀ ਜਾਵੇਗੀ। ਇਸ ਵਰਕਸ਼ਾਪ ਦੇ ਉਦਘਾਟਨ ਅਤੇ ਸੰਬੋਧਨ ਕਰਨ ਲਈ ਮਾਣਯੋਗ ਮੁੱਖ ਮੰਤਰੀ ਸਾਹਿਬ ਤੋਂ ਮਿਤੀ ਅਤੇ ਸਮਾਂ ਲੈਣ ਲਈ ਵੱਖਰੇ ਤੌਰ ਤੇ ਬੇਨਤੀ ਕੀਤੀ ਜਾਵੇਗੀ।

9. **The State Advisory Board on Disability (Handicapped) ਦੇ ਤਿੰਨ ਮੈਂਬਰ ਨਾਮਜ਼ਦ ਕਰਨ ਸਬੰਧੀ ਪ੍ਰਸਤਾਵ:-**

ਸ. ਬਲਕਾਰ ਸਿੰਘ, ਸੰਸਦੀ ਮਾਮਲੇ ਮੰਤਰੀ ਵੱਲੋਂ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਰਬਸੰਮਤੀ ਨਾਲ ਪ੍ਰਵਾਨ ਹੋਇਆ:-

"ਕਿਉਂਜੋ The State Advisory Board on Disability (Handicapped) ਦੇ ਤਿੰਨ ਮੈਂਬਰ ਰਾਜ ਵਿਧਾਨ ਸਭਾ ਦੇ ਮੈਂਬਰਾਂ ਵਿੱਚੋਂ ਚੁਣੇ ਜਾਣੇ ਹਨ ਅਤੇ;

ਕਿਉਂਜੋ ਸਦਨ ਕੋਲ ਬਾਕੀ ਰਹਿੰਦਾ ਸਮਾਂ ਬਹੁਤ ਘੱਟ ਹੈ ਅਤੇ ਇਸ ਸਾਰੀ ਚੋਣ ਪ੍ਰਕਿਰਿਆ ਨੂੰ ਇਸ ਸਮੇਂ ਦੌਰਾਨ ਪੂਰੀ ਕਰਨਾ ਸੰਭਵ ਨਹੀਂ ਹੈ;

ਇਸ ਲਈ ਹੁਣ ਇਹ ਸਦਨ ਸਪੀਕਰ, ਪੰਜਾਬ ਵਿਧਾਨ ਸਭਾ ਨੂੰ ਸਦਨ ਵਿੱਚ ਵੱਖ-ਵੱਖ ਪਾਰਟੀਆਂ ਦੀ ਅਨੁਪਾਤੀ ਸੰਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ The State Advisory Board on Disability (Handicapped) ਦੇ ਮੈਂਬਰਾਂ ਵਜੋਂ ਸਰਵ ਕਰਨ ਲਈ ਪੰਜਾਬ ਵਿਧਾਨ ਸਭਾ ਦੇ ਤਿੰਨ ਮੈਂਬਰਾਂ ਨੂੰ ਨਾਮਜ਼ਦ ਕਰਨ ਦਾ ਅਧਿਕਾਰ ਦਿੰਦਾ ਹੈ।"

ਮਾਨਯੋਗ ਡਿਪਟੀ ਸਪੀਕਰ ਨੇ 11.59 ਵਜੇ ਪੂਰਵ ਦੁਪਹਿਰ ਤੋਂ 12.05 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਅਣਮਿੱਥੇ ਸਮੇਂ ਲਈ ਸਥਗਿਤ ਹੋ ਗਿਆ।

ਚੰਡੀਗੜ੍ਹ
20 ਜੂਨ, 2023

ਰਾਮ ਲੋਕ ਖਟਾਣਾ,
ਸਕੱਤਰ

Principal Chief Reporter
Punjab Vidhan Sabha
Chandigrah